# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-04-2024**

- ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿਚ ਅੱਜ 12 ਸੂਬਿਆਂ ਅਤੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ, 88 ਲੋਕ ਸਭਾ ਸੀਟਾਂ ਲਈ ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ, ਅਮਨ ਅਮਾਨ ਨਾਲ ਮੁਕੰਮਲ ਹੋਇਆ।

- ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਖੰਨਾ ਅਨਾਜ ਮੰਡੀ ਦਾ ਦੌਰਾ ਕਰਕੇ, ਕਣਕ ਦੀ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ।

- ਫਰੀਦਕੋਟ ਦੇ ਅਬਜਰਵੇਸ਼ਨ ਹੋਮ ਵਿੱਚ ਰੱਖੇ ਗਏ ਦੋ ਪਾਕਿਸਤਾਨੀ ਬੱਚੇ, ਅੱਜ ਅਟਾਰੀ ਸਰਹੱਦ ਰਾਹੀਂ ਵਤਨ ਵਾਪਸ ਭੇਜੇ ਗਏ।

- ਕੇਂਦਰੀ ਚਮੜਾ ਖੋਜ ਸੰਸਥਾਨ ਚੇਨੱਈ ਦੇ ਖੇਤਰੀ ਕੇਂਦਰ ਜਲੰਧਰ ਵਿਖੇ, 77ਵਾਂ ਸਥਾਪਨਾ ਦਿਵਸ ਧੂਮ-ਧਾਮ ਨਾਲ ਮਨਾਇਆ ਗਿਆ।

---------------------------------------------------------------

ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿਚ, ਅੱਜ 12 ਸੂਬਿਆਂ ਅਤੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ 88 ਲੋਕ ਸਭਾ ਸੀਟਾਂ ਲਈ ਵੋਟਿੰਗ ਦਾ ਸਿਲਸਿਲਾ, ਅਮਨ-ਅਮਾਨ ਨਾਲ ਮੁਕੰਮਲ ਹੋ ਗਿਆ। ਜ਼ਿਆਦਾਤਰ ਹਲਕਿਆਂ ਵਿੱਚ ਸਵੇਰੇ 7 ਵਜੇ ਵੋਟਿੰਗ ਸ਼ੁਰੂ ਹੋਈ ਅਤੇ ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਖ਼ਤਮ ਹੋਈ, ਹਾਲਾਂਕਿ ਉੱਤਰ ਪੂਰਬੀ ਸੂਬਿਆਂ ਤੇ ਖੱਬੇ-ਪੱਖੀ ਕੱਟੜਪੰਥ ਪ੍ਰਭਾਵਿਤ ਖੇਤਰਾਂ ਵਿੱਚ ਇਹ ਸਮਾਂ ਵੱਖ-ਵੱਖ ਰਿਹਾ । ਸ਼ਾਮ ਪੰਜ ਵਜੇ ਤਕ ਮਣੀਪੁਰ ਤੇ ਤ੍ਰਿਪੁਰਾ ਵਿਚ 76 - 76 ਫੀਸਦੀ ਤੋਂ ਵੱਧ, ਛਤੀਸਗੜ੍ਹ ਵਿਚ 72 ,ਪੱਛਮੀ ਬੰਗਾਲ ਵਿਚ 71 ਅਤੇ ਜੰਮੂ-ਕਸ਼ਮੀਰ ਵਿਚ 67 ਫੀਸਦੀ ਤੋਂ ਵੱਧ ਪੋਲਿੰਗ ਦੀ ਖ਼ਬਰ ਏ। ਕੇਰਲ ਤੋਂ 20, ਕਰਨਾਟਕ ਤੋਂ 14, ਰਾਜਸਥਾਨ ਤੋਂ 13, ਉੱਤਰ ਪ੍ਰਦੇਸ਼ ਅਤੇ ਮਹਾਰਾਸ਼ਟਰ ਤੋਂ 8- 8, ਮੱਧ ਪ੍ਰਦੇਸ਼

ਤੋਂ 6, ਅਸਾਮ ਅਤੇ ਬਿਹਾਰ ਤੋਂ 5, ਪੱਛਮੀ ਬੰਗਾਲ ਅਤੇ ਛੱਤੀਸਗੜ੍ਹ ਤੋਂ 3- 3 ਅਤੇ ਮਨੀਪੁਰ, ਤ੍ਰਿਪੁਰਾ ਤੇ ਜੰਮੂ ਕਸ਼ਮੀਰ ਵਿਚ 1-1 ਸੀਟ 'ਤੇ ਵੋਟਿੰਗ ਹੋਈ। ਬਾਹਰੀ ਮਣੀਪੁਰ ਲੋਕ ਸਭਾ ਹਲਕੇ ਤੋਂ ਚਾਰ ਉਮੀਦਵਾਰਾਂ ਦੇ ਨਾਲ ਕੁੱਲ ਇੱਕ ਹਜ਼ਾਰ 202 ਉਮੀਦਵਾਰ ਚੋਣ ਮੈਦਾਨ ਵਿੱਚ ਨੇ। ਇਕ ਕਰੋੜ 67 ਲੱਖ ਪੋਲਿੰਗ ਸਟੇਸ਼ਨਾਂ 'ਤੇ 16 ਲੱਖ ਤੋਂ ਵੱਧ ਪੋਲਿੰਗ ਅਧਿਕਾਰੀ ਤਾਇਨਾਤ ਕੀਤੇ ਗਏ ਸਨ । ਜਿਨ੍ਹਾਂ ਪ੍ਰਮੁੱਖ ਉਮੀਦਵਾਰਾਂ ਦੀ ਸਿਆਸੀ ਕਿਸਮਤ ਅੱਜ EVM ਵਿੱਚ ਬੰਦ ਹੋਈ ਏ ਉਨ੍ਹਾਂ ਵਿੱਚ ਕੇਰਲ ਦੇ ਵਾਇਨਾਡ ਤੋਂ ਕਾਂਗਰਸ ਆਗੂ ਰਾਹੁਲ ਗਾਂਧੀ, CPM ਦੀ ਐਨੀ ਰਾਜਾ ਵੀ ਵਾਇਨਾਡ ਤੋਂ, ਕੇਂਦਰੀ ਮੰਤਰੀ ਰਾਜੀਵ ਚੰਦਰ-ਸ਼ੇਖਰ ਤਿਰੂਵਨੰਤ-ਪੁਰਮ ਤੋਂ, ਕਾਂਗਰਸ ਆਗੂ ਸ਼ਸ਼ੀ ਥਰੂਰ ਵੀ ਤਿਰੂਵਨੰਤ-ਪੁਰਮ ਤੋਂ, BJP ਦੇ ਤੇਜਸਵੀ ਸੂਰਿਆ ਬੈਂਗਲੁਰੂ ਦੱਖਣੀ ਤੋਂ ਅਤੇ BJP ਦੀ ਹੇਮਾ ਮਾਲਿਨੀ ਮਥੁਰਾ ਤੋਂ ਸ਼ਾਮਲ ਨੇ । ਹੋਰ ਮੁੱਖ ਉਮੀਦਵਾਰ BJP ਦੇ ਅਰੁਣ ਗੋਵਿਲ ਮੇਰਠ ਤੋਂ, ਕਰਨਾਟਕ ਦੇ ਸਾਬਕਾ ਮੁੱਖ ਮੰਤਰੀ ਐਚ ਡੀ ਕੁਮਾਰ-ਸਵਾਮੀ ਮਾਂਡਿਆ ਤੋਂ ਅਤੇ ਪੱਪੂ ਯਾਦਵ ਪੂਰਨੀਆ ਤੋਂ ਸ਼ਾਮਲ ਨੇ।

---

ਲੋਕ ਸਭਾ ਚੋਣਾਂ ਦੇ 5ਵੇਂ ਗੇੜ ਲਈ ਅੱਜ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ। ਇਸ ਗੇੜ ਵਿੱਚ 6 ਸੂਬਿਆਂ ਅਤੇ 2 ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 49 ਲੋਕ ਸਭਾ ਸੀਟਾਂ ਲਈ ਚੋਣਾਂ ਹੋਣਗੀਆਂ। 5ਵੇਂ ਗੇੜ ਵਿਚ ਉੱਤਰ ਪ੍ਰਦੇਸ਼ ਦੀਆਂ 14, ਮਹਾਰਾਸ਼ਟਰ ਦੀਆਂ 13, ਪੱਛਮੀ ਬੰਗਾਲ ਦੀਆਂ 7, ਉੜੀਸਾ ਅਤੇ ਬਿਹਾਰ ਦੀਆਂ ਪੰਜ-ਪੰਜ ਸੀਟਾਂ, ਝਾਰਖੰਡ ਦੀਆਂ ਤਿੰਨ ਸੀਟਾਂ ਅਤੇ ਜੰਮੂ-ਕਸ਼ਮੀਰ ਤੇ ਲੱਦਾਖ ਦੀ ਇਕ-ਇਕ ਸੀਟ ਲਈ ਵੋਟਿੰਗ ਹੋਵੇਗੀ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਕਲ ਲੋਕ ਸਭਾ ਹਲਕਾ ਅੰਮ੍ਰਿਤਸਰ ਦੇ ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ। ਅੱਜ ਸਵੇਰੇ ਉਹ ਪਰਿਵਾਰ ਨਾਲ ਸ੍ਰੀ ਦਰਬਾਰ ਸਾਹਿਬ ਵਿੱਚ ਮੱਥਾ ਟੇਕਣ ਪਹੁੰਚੇ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਪਰਿਵਾਰ ਤੇ ਸਮੁਚੇ ਪੰਜਾਬ ਦੀ ਤੰਦਰੁਸਤੀ ਲਈ ਅਸ਼ੀਰਵਾਦ ਲੈਣ ਆਏ ਨੇ ਅਤੇ ਸੁੱਖ

ਸ਼ਾਂਤੀ ਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਏ। ਉਨਾਂ ਕਿਹਾ ਕਿ ਇਹ ਅਜਿਹੀ ਪਵਿੱਤਰ ਜਗ੍ਹਾ ਏ, ਜਿੱਥੇ ਆ ਕੇ ਮਨ ਨੂੰ ਬਹੁਤ ਸਕੂਨ ਮਿਲਦਾ ਏ। ਉਨਾਂ ਕਿਹਾ ਕਿ ਪੰਜਾਬ ਦੀ ਤਰੱਕੀ ਤੇ ਸਮੱਸਿਆਵਾਂ ਦੂਰ ਕਰਨ ਲਈ ਲਗੇ ਹਾਂ ਅਤੇ ਛੇਤੀ ਹੀ ਲੋਕਾਂ ਦੀਆਂ ਸਮੱਸਿਆਵਾਂ ਦੂਰ ਹੋ ਜਾਣਗੀਆਂ। ਉਨ੍ਹਾਂ ਕਿਹਾ ਕਿ ਲੋਕਾਂ ਦਾ ਸਾਥ ਮਿਲ ਰਿਹਾ ਏ ਅਤੇ ਸਰਕਾਰ ਸੱਚੇ ਦਿਲੋਂ ਮਿਹਨਤ ਕਰ ਰਹੇ ਏ, ਜਿਸ ਨਾਲ ਵੱਡੇ ਪੱਧਰ ਤੇ ਪੰਜਾਬ ਦਾ ਵਿਕਾਸ ਹੋ ਰਿਹਾ ਏ। ਮੁਖ ਮੰਤਰੀ ਸ਼੍ਰੀ ਦੁਰਗਿਆਣਾ ਮੰਦਿਰ ਅਤੇ ਸ਼੍ਰੀ ਰਾਮ ਤੀਰਥ ਵਿਖੇ ਵੀ ਨਤਮਸਤਕ ਹੋਏ।

------------------------------------------------

ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਸ਼ੀਲ ਸ਼ਰਮਾ ਦੀ ਅਗਵਾਈ ਵਿੱਚ, ਪਾਰਟੀ ਦੇ ਇਕ ਵਫ਼ਦ ਨੇ ਸਮਾਰਟ ਸਿਟੀ ਪ੍ਰੋਜੈਕਟ ਵਿੱਚ ਹੋਏ ਵੱਡੇ ਘਪਲੇ ਦੇ ਵਿਰੋਧ ਵਿੱਚ, ਪੰਜਾਬ ਦੇ ਰਾਜਪਾਲ ਪੰਜਾਬ ਦੇ ਨਾਮ ਇਕ ਮੰਗ ਪੱਤਰ ਅੱਜ ਜਲੰਧਰ ਦੇ ਡਿਪਟੀ ਕਮਿਸ਼ਨਰ ਨੂੰ ਸੌਂਪਿਆ। ਇਸ ਵਿਚ ਮਾਮਲੇ ਦੀ ਤੁਰੰਤ ਨਿਰਪੱਖ ਉੱਚ ਪੱਧਰੀ ਜਾਂਚ ਅਨਫੋਰਸਮੈਂਟ ਡਾਇਰੈਕਟੋਰੇਟ ਤੇ ਸੀ.ਬੀ.ਆਈ ਤੋਂ ਕਰਵਾਉਣ ਦੀ ਮੰਗ

ਕੀਤੀ ਗਈ ਏ । ਇਸ ਮੌਕੇ ਕੌਮੀ ਕਾਰਜਕਾਰਨੀ ਮੈਂਬਰ ਮਨੋਰੰਜਨ ਕਾਲੀਆ, ਸੂਬਾ ਮੀਤ ਪ੍ਰਧਾਨ ਕੇ. ਡੀ. ਭੰਡਾਰੀ, ਜ਼ਿਲ੍ਹਾ ਜਨਰਲ ਸਕੱਤਰ ਰਾਜੇਸ਼ ਕਪੂਰ, ਅਸ਼ੋਕ ਸਰੀਨ ਹਿੱਕੀ ਤੇ ਅਮਰਜੀਤ ਸਿੰਘ ਗੋਲਡੀ ਵੀ ਹਾਜ਼ਰ ਸਨ I BJP ਆਗੂਆਂ ਦਾ ਕਹਿਣਾ ਏ ਕਿ ਕੈਗ ਦੀ ਰਿਪੋਰਟ 'ਚ ਸਪੱਸ਼ਟ ਹੋ ਗਿਆ ਏ ਕਿ ਮੋਦੀ ਸਰਕਾਰ ਨੇ ਜਲੰਧਰ 'ਚ ਵਿਕਾਸ ਲਈ 638 ਕਰੋੜ ਰੁਪਏ ਦਿੱਤੇ ਪਰ ਭ੍ਰਿਸ਼ਟ 'ਆਮ ਆਦਮੀ ਪਾਰਟੀ' ਸਰਕਾਰ ਭ੍ਰਿਸ਼ਟਾਚਾਰ ਕਰ ਕੇ ਦੋਸ਼ੀਆਂ ਨੂੰ ਬਚਾ ਰਹੀ ਏ। ਉਨ੍ਹਾਂ ਕਿਹਾ ਕਿ ਕਾਂਗਰਸ ਤੇ ਆਮ ਆਦਮੀ ਪਾਰਟੀ' ਦੋਵਾਂ ਹੀ ਪਾਰਟੀਆਂ ਨੇ, ਵਿਕਾਸ ਦੇ ਮੁੱਦੇ 'ਤੇ ਸ਼ਹਿਰ ਵਾਸੀਆਂ ਨੂੰ ਗੁੰਮਰਾਹ ਕੀਤਾ ਏ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਕਾਂਗਰਸ ਦੇ ਭ੍ਰਿਸ਼ਟ ਗਠਜੋੜ 'ਚ ਕਾਂਗਰਸੀ ਆਗੂਆਂ ਨੂੰ ਹਰ ਤਰ੍ਹਾਂ ਨਾਲ ਬਚਾਉਣ ਦਾ ਕੰਮ ਕਰ ਰਹੀ ਏ।

-----------------------------------------------------------

ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ, ਖੰਨਾ ਅਨਾਜ ਮੰਡੀ ਦਾ ਦੌਰਾ ਕਰਕੇ ਕਣਕ ਦੀ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ

ਲਿਆ। ਉਨ੍ਹਾਂ ਸਮੂਹ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨਾਂ ਦੱਸਿਆ ਕਿ ਮੌਜੂਦਾ ਸੀਜ਼ਨ ਦੌਰਾਨ ਸੂਬੇ ਦੀਆਂ ਮੰਡੀਆਂ ਵਿੱਚ 132 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋਣ ਦੀ ਸੰਭਾਵਨਾ ਏ। ਇਸ ਵਿੱਚੋਂ ਕੱਲ੍ਹ ਸ਼ਾਮ ਤੱਕ ਮੰਡੀਆਂ ਵਿੱਚ 66 ਲੱਖ 80 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਏ, ਭਾਵ ਮੰਡੀਆਂ ਵਿੱਚ ਸੰਭਾਵਿਤ ਆਮਦ ਨਾਲੋਂ ਅੱਧੀ ਫ਼ਸਲ ਦੀ ਆਮਦ ਹੋ ਚੁੱਕੀ ਏ। ਇਸ ਵਿੱਚੋਂ 91 ਫੀਸਦ ਯਾਨੀ 60 ਲੱਖ 90 ਹਜ਼ਾਰ ਮੀਟ੍ਰਿਕ ਟਨ ਪਹਿਲਾਂ ਹੀ ਖਰੀਦੀ ਜਾ ਚੁੱਕੀ ਏ। ਅਨੁਰਾਗ ਵਰਮਾ ਨੇ ਕਿਹਾ ਕਿ ਮੰਡੀ ਵਿੱਚ ਕਣਕ ਦੀ ਆਮਦ ਦੇ 24 ਘੰਟਿਆਂ ਦੇ ਅੰਦਰ-ਅੰਦਰ ਫਸਲ ਦੀ ਸਾਫ-ਸਫਾਈ, ਖਰੀਦ ਅਤੇ ਤੋਲਾਈ ਕੀਤੀ ਜਾ ਰਹੀ ਏ। ਇਸ ਉਪਰੰਤ ਕਿਸਾਨ ਮੰਡੀ ਵਿੱਚੋਂ ਜਾ ਸਕਦੇ ਨੇ। ਖਰੀਦ ਦੇ 48 ਘੰਟਿਆਂ ਦੇ ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਘੱਟੋ-ਘੱਟ ਸਮਰਥਨ ਮੁੱਲ ਤਹਿਤ ਅਦਾਇਗੀ ਕੀਤੀ ਜਾ ਰਹੀ ਏ ਅਤੇ ਇਸ ਮੁਤਾਬਕ 7,950 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾਣੀ ਬਾਕੀ ਏ ਜਦਕਿ ਹੁਣ ਤੱਕ 4 ਲੱਖ

ਤੋਂ ਵੱਧ ਕਿਸਾਨਾਂ ਨੂੰ 9,170 ਕਰੋੜ ਰੁਪਏ ਦੀ ਅਦਾਇਗੀ ਪਹਿਲਾਂ ਹੀ ਕੀਤੀ ਜਾ ਚੁੱਕੀ ਏ।

---------------------------------------------------------

ਅੱਜ ਦੋ ਪਾਕਿਸਤਾਨੀ ਬੱਚਿਆਂ ਨੂੰ ਉਹਨਾਂ ਦੇ ਵਤਨ ਭੇਜਿਆ ਗਿਆ। ਬੀ.ਐਸ.ਐਫ ਦੇ ਅਧਿਕਾਰੀਆਂ ਨੇ ਇਨਾਂ ਨੂੰ ਅਟਾਰੀ ਸਰਹੱਦ ਤੇ ਪਾਕਿਸਤਾਨੀ ਰੇਂਜਰਾਂ ਨੂੰ ਸੌਂਪਿਆ। ਫਰੀਦਕੋਟ ਤੋਂ ਜਿਲਾ ਕਾਨੂੰਨੀ ਸੇਵਾਵਾਂ ਦੇ ਸਕੱਤਰ ਕੰਮ ਚੀਫ ਜੁਡੀਸ਼ਅਲ ਮੈਜਿਸਟਰੇਟ ਅਜੀਤ ਪਾਲ ਸਿੰਘ ਅਤੇ ਉਹਨਾਂ ਦੀ ਟੀਮ ਵੀ ਇਸ ਮੌਕੇ ਮੌਜੂਦ ਰਹੀ। ਫਰੀਦਕੋਟ ਦੇ ਜਿਲ੍ਹਾ ਤੇ ਸੈਸ਼ਨ ਜੱਜ ਨਵਜੋਤ ਕੌਰ ਨੇ ਦੱਸਿਆ ਕਿ ਇਹ ਬੱਚੇ ਗਲਤੀ ਨਾਲ ਭਾਰਤ ਦੀ ਸਰਹੱਦ ਵਿੱਚ ਦਾਖਲ ਹੋ ਗਏ ਸਨ ਅਤੇ ਸੁਰੱਖਿਆ ਅਧਿਕਾਰੀਆਂ ਵੱਲੋਂ ਫੜੇ ਜਾਣ ਤੇ ਇਹਨਾਂ ਨੂੰ ਤਰਨ ਤਾਰਨ ਜਿਲ੍ਹੇ ਵਿੱਚ ਕਾਨੂੰਨੀ ਕਾਰਵਾਈ ਲਈ ਪੇਸ਼ ਕੀਤਾ ਗਿਆ, ਜਿੱਥੋਂ ਇਹਨਾਂ ਨੂੰ ਬੀਤੇ ਸਾਲ 18 ਅਪ੍ਰੈਲ ਨੂੰ ਬਰੀ ਕਰ ਦਿੱਤਾ ਗਿਆ ਸੀ, ਪਰ ਇਹਨਾਂ ਦੇ ਵਾਪਸ ਆਪਣੇ ਵਤਨ ਪਰਤਣ ਦੀ ਕਾਰਵਾਈ ਲੰਬੀ ਹੋ ਜਾਣ ਕਾਰਨ ਇਹਨਾਂ ਨੂੰ ਫਰੀਦਕੋਟ ਦੇ ਅਬਜਰਵੇਸ਼ਨ ਹੋਮ ਵਿੱਚ ਰੱਖਿਆ ਗਿਆ ਸੀ।

ਉਨਾਂ ਦੱਸਿਆ ਕਿ ਜਨਵਰੀ ਮਹੀਨੇ ਵਿੱਚ ਹਾਈਕੋਰਟ ਦੇ ਜੱਜ ਜਸਟਿਸ NS ਸ਼ੇਖਾਵਤ ਫਰੀਦਕੋਟ ਆਏ ਸਨ ਅਤੇ ਉਨਾਂ ਦੇ ਧਿਆਨ ਵਿੱਚ ਇਹ ਮਾਮਲਾ ਆਉਣ ਕਰਕੇ, ਉਨਾਂ ਦੋਵਾਂ ਦੀ ਘਰ ਵਾਪਸੀ ਦੀ ਪ੍ਰਕਿਰਿਆ ਤੇਜ ਕਰਦੇ ਹੋਏ ਕਾਰਵਾਈ ਨੂੰ ਨੇਪਰੇ ਚਾੜਿਆ। ਇਸ ਇਸ ਤੋਂ ਪਹਿਲਾਂ ਇਨਾਂ ਦੋਹਾਂ ਬੱਚਿਆਂ ਨੂੰ ਵਤਨ ਭੇਜਣ ਲਈ ਬੀਤੇ 28 ਮਾਰਚ ਨੂੰ ਫਰੀਦਕੋਟ ਤੋਂ ਅਟਾਰੀ ਬਾਰਡਰ ਵਿਖੇ ਭੇਜਿਆ ਗਿਆ ਸੀ ਪਰ ਕੁਝ ਦਸਤਾਵੇਜ਼ੀ ਕਮੀਆਂ ਪਾਏ ਜਾਣ ਕਾਰਨ ਕਾਰਨ ਇਨਾਂ ਨੂੰ ਭੇਜਿਆ ਜਾ ਸਕਿਆ ਸੀ।

---------------------------------------------------

ਕੌਮਾਂਤਰੀ ਬੌਧਿਕ ਸੰਪਦਾ ਅਧਿਕਾਰ ਦਿਵਸ ਦੇ ਮੌਕੇ ਤੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਲੋਂ "ਨਵੀਨਤਾ ਤੇ ਸਿਰਜਣਾਤ-ਮਿਕਤਾ ਦੇ ਭਵਿੱਖ ਦੀ ਉਸਾਰੀ ਲਈ, ਬੌਧਿਕ ਸੰਪਦਾ ਅਤੇ ਸਥਾਈ ਵਿਕਾਸ ਦੇ ਟੀਚੇ" ਵਿਸ਼ੇ ਤੇ ਅੱਜ ਇਕ ਸੈਮੀਨਾਰ ਕਰਵਾਇਆ ਗਿਆ। ਪੰਜਾਬ ਦੀਆਂ ਵੱਖ-ਵੱਖ ਵਿੱਦਿਅਕ ਸੰਸਥਾਵਾਂ ਦੇ ਕੋਈ 200 ਵਿਦਿਆਰਥੀਆਂ ਤੇ ਅਧਿਆਪਕਾਂ ਨੇ ਇਸ ਵਿਚ ਹਿੱਸਾ

ਲਿਆ । ਸਾਇੰਸ ਸਿਟੀ ਦੇ ਡਾਇਰੈਕਟਰ ਡਾ.ਰਾਜੇਸ਼ ਗਰੋਵਰ ਨੇ, ਆਪਣੇ ਸੰਬੋਧਨ ਵਿਚ ਅੱਜ ਦੇ ਵਿਸ਼ਵ ਪੱਧਰੀ ਅਰਥਚਾਰੇ ਵਿਚ ਵਿਚਾਰਾਂ, ਯੁਗਤਾਂ ਅਤੇ ਰਚਨਾਵਾਂ ਦੀ ਸੁਰੱਖਿਆ ਦੇ ਵਿਸ਼ੇ ਤੇ ਜ਼ੋਰ ਦਿੱਤਾ । ਉਨ੍ਹਾਂ ਕਿਹਾ ਕਿ ਬੌਧਿਕ ਸੰਪਦਾ ਦਾ ਅਧਿਕਾਰ ਇਕ ਅਜਿਹਾ ਅਧਿਕਾਰ ਏ, ਜਿਸ ਅਨੁਸਾਰ ਇਜਾਜ਼ਤ ਤੋਂ ਬਿਨ੍ਹਾਂ ਕੋਈ ਵੀ ਵਿਅਕਤੀ ਤੁਹਾਡੀ ਸੰਪਤੀ ਦੀ ਵਰਤੋਂ ਨਹੀਂ ਕਰ ਸਕਦਾ । ਉਨ੍ਹਾਂ ਟਰੇਡ ਮਾਰਕ, ਕਾਪੀ ਰਾਈਟ, ਪੇਟੈਂਟ ਅਤੇ ਵਪਾਰ ਵਿਚ ਬੌਧਿਕ ਸੰਪਦਾ ਦੇ ਅਧਿਕਾਰ ਦੀ ਅਹਿਮੀਅਤ ਤੇ ਚਾਨਣਾ ਪਾਇਆ । ਨੈਸ਼ਨਲ ਇੰਸਟੀਚਿਊਟ ਆਫ਼ ਟੈਕਨੀਕਲ ਟੀਚਰਜ਼ ਟਰੇਨਿੰਗ ਤੇ ਰਿਸਰਚ ਦੇ ਸਹਾਇਕ ਪ੍ਰੋਫ਼ੈਸਰ ਅਮਰਦੇਵ ਸਿੰਘ ਨੇ ਮੁੱਖ ਬੁਲਾਰੇ ਵਜੋਂ "ਨਵਾਂ ਉਤਪਾਦ ਅਤੇ ਵਿਕਾਸ ਪ੍ਰੀਕ੍ਰਿਆ ਲਈ ਸਥਾਈ ਵਿਕਾਸ ਦੇ ਟੀਚਿਆਂ ਦੇ ਅਨਕੂਲ ਆਭਿਆਸਾਂ" ਵਿਸ਼ੇ ਤੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ । ਉਨ੍ਹਾਂ ਦੱਸਿਆ ਕਿ ਬੌਧਿਕ ਸੰਪਦਾ ਦਾ ਅਧਿਕਾਰ ਸਾਡੇ ਭਵਿੱਖ ਦੀ ਉਸਾਰੀ ਲਈ ਨਵੀਨਤਮ ਅਤੇ ਸਿਰਜਣਾਤਮਿਕ ਹੱਲਾਂ ਨੂੰ ਉਤਸ਼ਾਹਿਤ ਕਰਦਾ ਏ । ਇਕ ਹੋਰ ਬੁਲਾਰੇ ਅਮਰਦੇਵ ਨੇ ਆਰਥਿਕਤਾ, ਸਮਾਜਿਕ

ਤੇ ਵਾਤਾਵਰਣ ਸੰਤੁਲਨ ਦੀ ਸਥਿਰਤਾ ਲਈ ਉਸਾਰੂ ਉਪਰਾਲਿਆਂ ਦੀ ਜਰੂਰਤ ਦੱਸੀ ।

--------------------------------------------------------

ਵਿਗਿਆਨਕ ਅਤੇ ਉਦਯੋਗਿਕ ਖੋਜ ਪ੍ਰੀਸ਼ਦ ਨਵੀਂ ਦਿੱਲੀ ਦੇ ਤਹਿਤ ਕੰਮ ਕਰ ਰਹੇ ਕੇਂਦਰੀ ਚਮੜਾ ਖੋਜ ਸੰਸਥਾਨ CSIR - CLRI ਚੇਨੱਈ ਦੇ ਖੇਤਰੀ ਕੇਂਦਰ ਜਲੰਧਰ ਵਿਖੇ, 77ਵਾਂ ਸਥਾਪਨਾ ਦਿਵਸ ਮਨਾਇਆ ਗਿਆ । ਇਸ ਮੌਕੇ ਕੇਂਦਰ ਦੇ ਪ੍ਰਮੁੱਖ ਵਿਗਿਆਨੀ ਡਾ. ਪੀ. ਸੁਧਾਕਰ ਨੇ, ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਇਸ ਕੇਂਦਰ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ । ਸੀਨੀਅਰ ਵਿਗਿਆਨੀ ਵੀ. ਕਾਰਤਿਕ ਨੇ ਜਿੱਥੇ ਚਮੜਾ, ਚਮੜਾ ਨਿਰਮਾਣ ਅਤੇ ਉਤਪਾਦ ਬਣਾਉਣ ਦੀਆਂ ਵੱਖ-ਵੱਖ ਐਪਲੀਕੇਸ਼ਨਜ਼ ਬਾਰੇ ਦੱਸਿਆ ਉੱਥੇ ਚਮੜੇ ਦੇ ਖੇਤਰ ਅਤੇ ਇਸ ਵਿੱਚ ਕਰੀਅਰ ਦੇ ਮੌਕਿਆਂ ’ਤੇ ਵੀ ਚਾਨਣਾ ਪਾਇਆ । ਇਸ ਮੌਕੇ ਲੋਕਾਂ ਨੂੰ ਵੀ ਸੰਸਥਾ ਦਾ ਦੌਰਾ ਕਰਨ ਦੀ ਇਜਾਜ਼ਤ ਦਿੱਤੀ ਗਈ ਸੀ । ਰਵਾਇਤੀ ਚਮੜੇ, ਵਿਦੇਸ਼ੀ ਚਮੜੇ ਅਤੇ ਮਿਸ਼ਰਨ ਸਮੱਗਰੀ ਤੋਂ ਬਣੇ ਉਤਪਾਦਾਂ ਜਿਵੇਂ ਕਿ ਜੁੱਤੀਆਂ ਤੇ ਕੱਪੜੇ ਨੂੰ ਵੀ ਪ੍ਰਦਰਸ਼ਿਤ ਕੀਤਾ ਗਿਆ

ਸੀ। ਵੱਖ ਵੱਖ ਵਿੱਦਿਅਕ ਅਦਾਰਿਆਂ ਦੇ ਕੋਈ 40 ਵਿਦਿਆਰਥੀਆਂ ਨੇ ਕੇਂਦਰ ਦਾ ਦੌਰਾ ਕਰਕੇ ਇਸ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਲਈ।

---------------------------------------------------------

ਮੌਸਮ ਵਿਭਾਗ ਨੇ ਅੱਜ ਅਤੇ ਕੱਲ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਗਰਜ-ਚਮਕ ਨਾਲ ਮੀਂਹ ਅਤੇ ਹਨੇਰੀ ਝੱਖੜ ਝੂਲਣ ਦੀ ਭਵਿਖਬਾਣੀ ਕੀਤੀ ਏ। ਵਿਭਾਗ ਮੁਤਾਬਿਕ ਮੌਸਮ ਵਿਚ ਇਹ ਤਬਦੀਲੀ ਸਰਗਰਮ ਪੱਛਮੀ ਗੜਬੜ ਕਾਰਨ ਹੋ ਰਹੀ ਏ। ਇਸ ਦੇ ਪ੍ਰਭਾਵ ਨਾਲ ਪੰਜਾਬ ਵਿੱਚ ਅੱਜ, ਕੱਲ ਅਤੇ 28 ਅਪ੍ਰੈਲ ਨੂੰ ਕੁਝ ਥਾਵਾਂ 'ਤੇ ਜਦਕਿ 29 ਤੇ 30 ਅਪ੍ਰੈਲ ਨੂੰ ਵੀ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਸੰਭਾਵਨਾ ਏ। ਅੱਜ ਤੇ ਕੱਲ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਗਰਜ਼-ਤੂਫ਼ਾਨ ਦੇ ਨਾਲ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਤੇਜ਼ ਹਵਾਵਾਂ ਵਗਣ ਦੀ ਪੇਸ਼ੀਨਗੋਈ ਵੀ ਕੀਤੀ ਗਈ ਏ। ਵਿਭਾਗ ਨੇ ਪੰਜਾਬ ਅਤੇ ਹਰਿਆਣਾ 'ਚ ਕੁਝ ਥਾਵਾਂ 'ਤੇ ਗੜੇਮਾਰੀ ਹੋਣ ਦੀ ਵੀ ਸੰਭਾਵਨਾ

ਜਤਾਈ ਏ । ਇਸ ਮੌਸਮ ਨੂੰ ਵੇਖਦਿਆਂ ਕਿਸਾਨਾਂ ਨੂੰ ਆਪਣੀ ਕੱਟੀ ਹੋਈ ਫ਼ਸਲ ਨੂੰ ਸੁਰੱਖਿਅਤ ਥਾਂ 'ਤੇ ਰੱਖਣ ਅਤੇ ਸਿੰਚਾਈ, ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਨੂੰ ਅੱਗੇ ਪਾਉਣ ਦੀ ਅਪੀਲ ਕੀਤੀ ਗਈ ਏ।

---------------------------------------------------------------

ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਸਕੱਤਰ ਕਮਲ ਕਿਸ਼ੋਰ ਯਾਦਵ ਨੇ ਅੱਜ ਪੰਜਾਬੀ ਯੂਨੀਵਰਸਿਟੀ ਵਿਖੇ ਉਪ-ਕੁਲਪਤੀ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਏ । ਉਹ ਪ੍ਰੋਫ਼ੈਸਰ ਅਰਵਿੰਦ ਦੀ ਥਾਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਬਣੇ ਨੇ, ਜਿਨ੍ਹਾਂ ਦਾ ਤਿੰਨ ਸਾਲ ਦਾ ਕਾਰਜਕਾਲ ਕਲ ਪੂਰਾ ਹੋਇਆ ਸੀ। ਯੂਨੀਵਰਸਿਟੀ ਪਹੁੰਚਣ ’ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. ਅਸ਼ੋਕ ਤਿਵਾੜੀ ਦੀ ਅਗਵਾਈ ਵਿੱਚ ਯੂਨੀਵਰਸਿਟੀ ਅਧਿਕਾਰੀਆਂ ਨੇ ਕਮਲ ਕਿਸ਼ੋਰ ਯਾਦਵ ਦਾ ਸਵਾਗਤ ਕੀਤਾ। ਮਗਰੋਂ ਉਨਾਂ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀਆਂ, ਵੱਖ-ਵੱਖ ਫ਼ੈਕਲਟੀਆਂ ਦੇ ਡੀਨ ਅਤੇ ਵਿਭਾਗ ਦੇ ਮੁਖੀਆਂ ਨਾਲ ਵੱਖੋ ਵੱਖਰੀਆਂ ਮੀਟਿੰਗ ਕਰਕੇ ਯੂਨੀਵਰਸਿਟੀ ਦੇ ਕੰਮ ਕਾਜ ਦਾ ਜਾਇਜਾ ਲਿਆ।

-------------------------------------------------------

ਪੰਜਾਬ ਪੁਲਿਸ ਦੇ ਗੈਂਗਸਟਰ ਵਿਰਿਧੀ ਕਾਰਜ ਬਲ ਨੇ ਕੇਂਦਰੀ ਏਜੰਸੀਆਂ ਅਤੇ ਜੰਮੂ-ਕਸ਼ਮੀਰ ਪੁਲਿਸ ਦੇ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ, ਵੱਡੀ ਸਫ਼ਲਤਾ ਹਾਸਲ ਕਰਦਿਆਂ, ਪੰਜਾਬ ਤੇ ਜੰਮੂ-ਕਸ਼ਮੀਰ ਦੇ ਵੱਖ-ਵੱਖ ਹਿੱਸਿਆਂ ਵਿੱਚ 48 ਘੰਟਿਆਂ ਤੱਕ ਚੱਲੇ ਆਪ੍ਰੇਸ਼ਨ ਦੌਰਾਨ, ਗੈਂਗਸਟਰ ਚਰਨਜੀਤ ਸਿੰਘ ਉਰਫ਼ ਰਾਜੂ ਸ਼ੂਟਰ ਅਤੇ ਉਸਦੇ 10 ਸਾਥੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਰਾਜੂ ਸ਼ੂਟਰ ਬੀਤੇ ਦਿਨੀਂ ਸਿਵਲ ਹਸਪਤਾਲ ਤਰਨਤਾਰਨ ਤੋਂ ਫਰਾਰ ਹੋ ਗਿਆ ਸੀ। ਇਹ ਜਾਣਕਾਰੀ ਪੰਜਾਬ ਪੁਲਿਸ ਦੇ DGP ਗੌਰਵ ਯਾਦਵ ਨੇ ਅੱਜ ਚੰਡੀਗੜ੍ਹ ਵਿਚ ਦਿੱਤੀ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਇਨਾਂ ਕੋਲੋਂ ਡਬਲ ਬੈਰਲ ਰਾਈਫਲ ਅਤੇ ਤਿੰਨ ਪਿਸਤੌਲਾਂ ਸਮੇਤ 26 ਅਣਚਲੇ ਕਾਰਤੂਸ ਬਰਾਮਦ ਕੀਤੇ ਨੇ। ਡਬਲ ਬੈਰਲ ਰਾਈਫਲ ਨੂੰ ਬੀਤੇ 28 ਫਰਵਰੀ ਨੂੰ ਤਰਨਤਾਰਨ ਸਥਿਤ ਇਕ ਗੰਨ ਹਾਊਸ ਤੋਂ ਚੋਰੀ ਕੀਤਾ ਗਿਆ ਸੀ।

-------------------------------------------------------

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿਚ ਅੱਜ 12 ਸੂਬਿਆਂ ਅਤੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ, 88 ਲੋਕ ਸਭਾ ਸੀਟਾਂ ਲਈ ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ, ਅਮਨ ਅਮਾਨ ਨਾਲ ਮੁਕੰਮਲ ਹੋਇਆ।
- ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਖੰਨਾ ਅਨਾਜ ਮੰਡੀ ਦਾ ਦੌਰਾ ਕਰਕੇ, ਕਣਕ ਦੀ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ।
- ਫਰੀਦਕੋਟ ਦੇ ਅਬਜਰਵੇਸ਼ਨ ਹੋਮ ਵਿੱਚ ਰੱਖੇ ਗਏ ਦੋ ਪਾਕਿਸਤਾਨੀ ਬੱਚੇ, ਅੱਜ ਅਟਾਰੀ ਸਰਹੱਦ ਰਾਹੀਂ ਵਤਨ ਵਾਪਸ ਭੇਜੇ ਗਏ।
- ਕੇਂਦਰੀ ਚਮੜਾ ਖੋਜ ਸੰਸਥਾਨ ਚੇਨੱਈ ਦੇ ਖੇਤਰੀ ਕੇਂਦਰ ਜਲੰਧਰ ਵਿਖੇ, 77ਵਾਂ ਸਥਾਪਨਾ ਦਿਵਸ ਧੂਮ-ਧਾਮ ਨਾਲ ਮਨਾਇਆ ਗਿਆ।